ਅਸੰਖ ਨਾਵ ਅਸੰਖ ਥਾਵ ॥ ਅਗੰਮ ਅਗੰਮ ਅਸੰਖ ਲੋਅ ॥
ਅਸੰਖ ਕਹਹਿ ਸਿਰਿ ਭਾਰੁ ਹੋਇ ॥ ਅਖਰੀ ਨਾਮੁ ਅਖਰੀ
ਸਾਲਾਹ ॥ ਅਖਰੀ ਗਿਆਨੁ ਗੀਤ ਗੁਣ ਗਾਹ ॥ ਅਖਰੀ
ਲਿਖਣੁ ਬੋਲਣੁ ਬਾਣਿ ॥ ਅਖਰਾ ਸਿਰਿ ਸੰਜੋਗੁ ਵਖਾਣਿ ॥
ਜਿਨਿ ਏਹਿ ਲਿਖੇ ਤਿਸੁ ਸਿਰਿ ਨਾਹਿ ॥ ਜਿਵ ਫੁਰਮਾਏ ਤਿਵ
ਤਿਵ ਪਾਹਿ ॥ ਜੇਤਾ ਕੀਤਾ ਤੇਤਾ ਨਾਉ ॥ ਵਿਣੁ ਨਾਵੈ ਨਾਹੀ
ਕੋ ਥਾਉ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ
ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ
ਸਦਾ ਸਲਾਮਤਿ ਨਿਰੰਕਾਰ ॥੧੯॥